ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫ਼ਿਰੋਜ਼ਪੁਰ

ਪ੍ਰੈਸ ਨੋਟ 1

ਇੱਕ ਮਹੀਨੇ ਦੌਰਾਨ ਜ਼ਿਲ੍ਹੇ 'ਚ 2532 ਨਵੇਂ ਨਸ਼ਾ ਪੀੜਿਤ ਰਜਿਸਟਰਡ ਹੋਏ- ਸਿਵਲ ਸਰਜਨ

ਮਰੀਜ਼ਾਂ ਦੀ ਵੱਧ ਰਹੀ ਗਿਣਤੀ ਨੂੰ ਧਿਆਨ ਵਿਚ ਰੱਖਦੇ ਹੋਏ ਓਟ ਕਲੀਨਿਕਾਂ ਤੇ ਨਸ਼ਾ ਛੁਡਾਊ ਕੇਂਦਰਾਂ ਦੇ ਖੁੱਲਣ ਦਾ ਸਮਾਂ ਸਵੇਰੇ 8 ਵਜੇ ਕੀਤਾ:ਸਿਵਲ ਸਰਜਨ

ਫ਼ਿਰੋਜ਼ਪੁਰ 28 ਅਪ੍ਰੈਲ (     )ਕਰਫ਼ਿਊ ਦੌਰਾਨ ਹਜ਼ਾਰਾਂ ਦੀ ਗਿਣਤੀ ਵਿਚ ਨਸ਼ਾ ਪੀੜਿਤ ਮਰੀਜ਼ਾਂ ਨੇ ਓਟ ਕਲੀਨਿਕਾਂ ਦਾ ਰੁੱਖ ਕੀਤਾ ਹੈ।ਜਿਸ ਨੂੰ ਦੇਖਦੇ ਹੋਏ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਓਟ ਕਲੀਨਿਕਾਂ ਤੇ ਨਸ਼ਾ ਛੁਡਾਊ ਕੇਂਦਰਾਂ ਦੇ ਖੁੱਲਣ ਦਾ ਸਮਾਂ ਸਵੇਰੇ 8 ਵਜੇ ਕੀਤਾ ਗਿਆ ਹੈ। ਇਸ ਤੋਂ ਇਲਾਵਾ ਕੋਰੋਨਾ ਵਾਇਰਸ ਦੇ ਮੱਦੇਨਜ਼ਰ ਨਵੀਆਂ ਰਜਿਸਟਰੇਸ਼ਨਾਂ ਲਈ ਅਲੱਗ ਕਾਊਂਟਰ ਦਾ ਪ੍ਰਬੰਧ ਵੀ ਕੀਤਾ ਗਿਆ ਹੈ ਤਾਂ ਜੋ ਇੱਥੇ ਮਰੀਜ਼ਾਂ ਦੀਆਂ ਲੰਮੀਆਂ ਕਤਾਰਾਂ  ਨਾ ਲੱਗਣ।ਇਹ ਜਾਣਕਾਰੀ ਸਿਵਲ ਸਰਜਨ ਡਾ. ਨਵਦੀਪ ਸਿੰਘ ਨੇ ਦਿੱਤੀ।

ਸਿਵਲ ਸਰਜਨ ਡਾ: ਨਵਦੀਪ ਸਿੰਘ ਨੇ ਦੱਸਿਆ ਕਿ ਕੋਰੋਨਾ ਵਾਇਰਸ ਦੇ ਮੱਦੇਨਜ਼ਰ ਲਗਾਏ ਗਏ ਕਰਫ਼ਿਊ ਦੌਰਾਨ ਓਟ ਕਲੀਨਿਕਾਂ ਵਿਚ ਨਸ਼ਾ ਛੁਡਾਊ ਮਰੀਜ਼ਾਂ ਦੀ ਗਿਣਤੀ ਵਧਦੀ ਜਾ ਰਹੀ ਹੈ, ਉਨ੍ਹਾਂ ਦੱਸਿਆ ਕਿ ਪਿਛਲੇ ਮਹੀਨੇ ਦੌਰਾਨ ਜ਼ਿਲ੍ਹੇ ਵਿਚ 2532 ਨਸ਼ਾ ਪੀੜਿਤ ਮਰੀਜ਼ ਰਜਿਸਟਰਡ ਹੋਏ ਹਨ। ਉਨ੍ਹਾਂ ਦੱਸਿਆ ਕਿ ਨਸ਼ਾ ਛੁਡਾਊ ਕੇਂਦਰਾਂ ਵਿਚ ਦਵਾਈ ਦੇਣ ਸਮੇਂ ਸਮਾਜਿਕ ਦੂਰੀ ਦਾ ਵਿਸ਼ੇਸ਼ ਧਿਆਨ ਰੱਖਿਆ ਜਾਂਦਾ ਹੈ ਅਤੇ ਮਰੀਜ਼ਾਂ ਨੂੰ ਸੁਚੇਤ ਕੀਤਾ ਜਾ ਰਿਹਾ ਹੈ ਕਿ ਕੋਰੋਨਾ ਇੱਕ ਖ਼ਤਰਨਾਕ ਰੋਗ ਹੈ ਅਤੇ ਜੇਕਰ ਜ਼ਿਆਦਾ ਬੁਖ਼ਾਰ,ਖ਼ੁਸ਼ਕ ਖੰਘ ਅਤੇ ਸਾਹ ਲੈਣ ਵਿਚ ਮੁਸ਼ਕਿਲ ਆਉਂਦੀ ਹੈ ਲਾਜ਼ਮੀ ਤੌਰ ਤੇ ਨਜ਼ਦੀਕੀ ਸਿਹਤ ਕੇਂਦਰ ਵਿਖੇ ਸੰਪਰਕ ਕੀਤਾ ਜਾਵੇ।

ਇਸ ਤੋਂ ਇਲਾਵਾ ਉਹਨਾ ਇਹ ਵੀ ਦੱਸਿਆ ਕਿ ਕਰੋਨਾ ਵਾਇਰਸ ਦੇ ਖ਼ਤਰੇ ਨੂੰ ਦੇਖਦੇ ਹੋਏ ਪੰਜਾਬ ਵਿਚ ਕਰਫ਼ਿਊ ਲਗਾਇਆ ਗਿਆ ਹੈ ਜਿਸਦਾ ਪ੍ਰਭਾਵ ਨਸ਼ਾ ਛੁਡਾਊ ਪ੍ਰੋਗਰਾਮ ਤੇ ਪੈ ਰਿਹਾ ਸੀ ਅਤੇ ਅਜਿਹੀ ਸਥਿਤੀ ਵਿਚ ਮਰੀਜ਼ ਵੱਲੋਂ ਇਲਾਜ ਅਧਵਾਟੇ ਛੱਡਣ ਦੀ ਸੰਭਾਵਨਾ ਵੱਧ ਜਾਂਦੀ ਹੈ ਜੋਕਿ ਮਰੀਜ਼ ਲਈ ਘਾਤਕ ਵੀ ਸਿੱਧ ਹੋ ਸਕਦਾ ਹੈ ।ਇਸ ਲਈ ਹੁਣ ਘਰ ਲਿਜਾਉਣ ਲਈ(ਟੇਕ ਹੋਮ ਡੋਜ਼) ਦਵਾਈ ਦੀ ਹੱਦ 21 ਦਿਨ ਤੱਕ ਕਰ ਦਿੱਤੀ ਗਈ ਹੈ ਪਰੰਤੂ ਮਰੀਜ਼ ਨੂੰ ਇਹ ਦਵਾਈ ਕੇਵਲ ਸਾਇਕੈਟਰਿਸਟ ਦੀ ਸਲਾਹ ਉਪਰੰਤ ਹੀ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਨਸ਼ਾ ਛੁਡਾਊ ਪ੍ਰੋਗਰਾਮ ਦਾ ਮੁੱਖ ਮੰਤਵ ਗੁਮਰਾਹ ਨੌਜਵਾਨਾਂ ਨੂੰ ਮੁੜ ਜ਼ਿੰਦਗੀ ਦੇ ਰਾਹ ਤੇ ਪਾਉਣਾ ਹੈ ਅਤੇ ਇਲਾਜ ਮੁਹੱਈਆ ਕਰਵਾਕੇ  ਨਿਰੋਗ ਕਰਨਾ ਹੈ।ਉਹਨਾ ਦੱਸਿਆ ਕਿ ਟੋਲ ਫ਼ਰੀ ਨੰਬਰ 104 ਤੇ ਦਿਨ ਰਾਤ ਡਾਕਟਰੀ ਸੇਵਾਵਾਂ  ਸਮੇਤ ਨਸ਼ਾ ਛੁਡਾਊ ਪ੍ਰੋਗਰਾਮ ਸਬੰਧੀ ਮੁਕੰਮਲ ਜਾਣਕਾਰੀ ਮੁਹੱਈਆ ਕਰਵਾਈ ਜਾਂਦੀ ਹੈ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਪ੍ਰੈਸ ਨੋਟ 2

ਸਿਵਲ ਹਸਪਤਾਲ ਦੇ ਬਲੱਡ ਬੈਂਕ ਲਈ ਐਨ. ਜੀ.ਓ. ਹੈਲਪਿੰਗ ਹੈਂਡਜ ਨੇ 2 ਦਿਨਾਂ ਵਿਚ 35 ਯੂਨਿਟ ਖ਼ੂਨਦਾਨ ਕੀਤਾ

ਫਿਰੋਜ਼ਪੁਰ 28 ਅਪ੍ਰੈਲ ( ) ਟੀਮ ਐਨ. ਜੀ. ਉ. ਹੈਲਪਿੰਗ ਹੈਂਡਜ ਫਿਰੋਜਪੁਰ ਸੰਸਥਾਂ ਵੱਲੋ ਕਰੋਨਾ ਮਹਾਂਮਾਰੀ ਦੇ ਚੱਲਦੇ ਬਲੱਡ ਬੈਂਕ ਸਿਵਲ ਹਸਪਤਾਲ ਫਿਰੋਜਪੁਰ ਵਿੱਚ ਖ਼ੂਨ ਦੀ ਕਮੀ ਨੂੰ ਦੇਖਦੇ ਹੋਏ ਦੂਸਰੇ ਦਿਨ ਵੀ ਖ਼ੂਨਦਾਨ ਕਰਵਾਇਆ ਗਿਆ। ਸਹਾਇਕ ਕਮੀਸ਼ਨਰ (ਜਨਰਲ) ਸ੍ਰੀ ਕੰਵਰਜੀਤ ਸਿੰਘ ਨੇ ਹੈਲਪਿੰਗ ਹੈਂਡਜ ਟੀਮ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਹ ਬਹੁਤ ਵਧੀਆ ਗੱਲ ਹੈ ਜੋ ਪ੍ਰਸ਼ਾਸਨ ਵੱਲੋਂ ਕੀਤੀ ਅਪੀਲ ਤੇ ਇਨ੍ਹਾਂ ਨੋਜਵਾਨਾਂ ਵੱਲੋਂ ਦੋ ਦਿਨਾਂ ਵਿਚ ਬਲੱਡ ਬੈਂਕ ਨੂੰ 35 ਯੂਨਿਟ ਖ਼ੂਨਦਾਨ ਕੀਤਾ ਗਿਆ ਹੈ। ਉਨ੍ਹਾਂ ਹੋਰਨਾ ਲੋਕਾਂ ਨੂੰ ਵੀ ਖੂਨਦਾਨ ਕਰਨ ਲਈ ਕਿਹਾ।

ਐਨਜੀਓ ਦੇ ਫਾਂਊਡਰ ਨਿਤਿਨ ਜੇਤਲੀ ਨੇ ਦੱਸਿਆ ਕੀ ਫਿਰੋਜਪੁਰ ਵਿੱਚ ਕਿਸੇ ਵੀ ਮਰੀਜ਼ ਨੂੰ ਖ਼ੂਨ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਲੋੜ ਪੈਣ ਤੇ ਟੀਮ ਵੱਲੋਂ ਪੂਰਾ ਸਹਿਯੋਗ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਟੀਮ ਵੱਲੋ ਫਿਰੋਜਪੁਰ ਵਿੱਚ ਸਮੇਂ ਸਮੇਂ ਤੇ ਖ਼ੂਨਦਾਨ ਕੈਂਪ, ਲੰਗਰ ਤੇ ਰਾਸ਼ਨ ਸੇਵਾ, ਅਵਾਰਾ ਜ਼ਖਮੀ ਜਾਣਵਰਾ ਦਾ ਇਲਾਜ਼, ਜ਼ਰੂਰਤਮੰਦ ਮਰੀਜਾ ਦਾ ਇਲਾਜ਼, ਕੀੜੇ ਪਏ ਲਵਾਰਿਸ਼ ਮਰੀਜ਼ਾ ਦਾ ਇਲਾਜ਼, ਜ਼ਰੂਰਤਮੰਦ ਬੱਚਿਆ ਦੀ ਪੜਾਈ ਵਿੱਚ ਮਦੱਦ, ਕਰੋਨਾ ਲੋਕਡਾਉਣ ਵਿੱਚ ਜ਼ਰੂਰਤਮੰਦਾ ਅਤੇ ਜ਼ਰੂਰਤਮੰਦਾ ਨੂੰ ਘਰ ਬਣਾਓੁਣ ਵਿੱਚ ਮੱਦਦ ਵੀ ਕੀਤੀ ਜਾਂਦੀ ਹੈ। ਇਸ ਮੌਕੇ ਚੇਤਨ ਰਾਣਾ, ਯੋਗੇਸ਼, ਬੰਟੀ, ਕਰਨ ਸ਼ਰਮਾ ਆਦਿ ਮਾਜੂਦ ਸਨ ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫ਼ਿਰੋਜ਼ਪੁਰ

ਪ੍ਰੈੱਸ ਨੋਟ 3

ਕਰਫ਼ਿਊ ਦੌਰਾਨ ਪਿੰਡ ਆਂਸਲ ਵਿਖੇ ਸਮਰਾਟ ਕਾਰਡ ਰਾਸ਼ਨ ਧਾਰਕਾਂ ਨੂੰ ਡੋਰ-ਟੂ-ਡੋਰ 3 ਮਹੀਨੇ ਦੀ ਕਣਕ ਤੇ ਦਾਲ ਵੰਡਣ ਦੀ ਹੋਈ ਸ਼ੁਰੂਆਤ-ਪਿੰਕੀ

ਵਿਧਾਇਕ ਨੇ ਕਿਹਾ ਕਰਫਿਊ ਦੌਰਾਨ ਕਿਸੇ ਨੂੰ ਕੋਈ ਪਰੇਸ਼ਾਨੀ ਨਾ ਆਵੇ ਇਸ ਲਈ ਘਰਾਂ ਤੱਕ ਕਣਕ ਅਤੇ ਦਾਲ ਦੀ ਸਪਲਾਈ ਕੀਤੀ ਸ਼ੁਰੂ

ਫ਼ਿਰੋਜ਼ਪੁਰ 28 ਅਪ੍ਰੈਲ 2020( ) ਪੰਜਾਬ ਸਰਕਾਰ ਵੱਲੋਂ ਕਰਫ਼ਿਊ ਦੌਰਾਨ ਸਮਾਰਟ ਰਾਸ਼ਨ ਕਾਰਡ ਲਾਭਪਾਤਰੀਆਂ ਨੂੰ ਅਗਲੇ ਤਿੰਲ ਮਹੀਨੇ ਦੀ ਕਣਕ ਅਤੇ ਦਾਲ ਮੁਫਤ ਦਿੱਤੀ ਜਾ ਰਹੀ ਹੈ, ਇਸ ਲੜੀ ਤਹਿਤ ਅੱਜ ਪਿੰਡ ਆਂਸਲ ਵਿਖੇ ਕਣਕ ਅਤੇ ਦਾਲ ਦੀ ਡੋਰ-ਟੂ-ਡੋਰ ਸਪਲਾਈ ਸ਼ੁਰੂ ਕੀਤੀ ਕਰ ਦਿੱਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਧਾਇਕ ਸ੍ਰ: ਪਰਮਿੰਦਰ ਸਿੰਘ ਪਿੰਕੀ ਨੇ ਦੱਸਿਆ ਕਿ ਗਰੀਬ ਤੇ ਜ਼ਰੂਰਤਮੰਦ ਲੋਕਾਂ ਤੱਕ ਜ਼ਰੂਰਤ ਦਾ ਸਾਰਾ ਸਮਾਨ ਪਹੁੰਚਾਉਣ ਦੇ ਲਈ ਪੰਜਾਬ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਲਈ ਸਰਕਾਰ ਵੱਲੋਂ ਭੇਜੀ ਕਣਕ ਅਤੇ ਦਾਲ ਹੁਣ ਲਾਭਪਾਤਰੀਆਂ ਨੂੰ ਉਨ੍ਹਾਂ ਦੇ ਘਰਾਂ ਤੱਕ ਪਹੁੰਚਾਈ ਜਾਵੇਗੀ।

ਉਨ੍ਹਾਂ ਕਿਹਾ ਕਿ ਕਰਫ਼ਿਊ ਦੇ ਦੌਰਾਨ ਲੋਕਾਂ ਨੂੰ ਖਾਣੇ ਨੂੰ ਲੈ ਕੇ ਕੋਈ ਦਿੱਕਤ ਨਾ ਹੋਵੇ, ਇਸ ਲਈ ਇਨ੍ਹਾਂ ਵੱਡਾ ਕਦਮ ਉਠਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਕਿ ਸੰਕਟ ਦੀ ਇਸ ਕੜੀ ਵਿੱਚ ਜ਼ਰੂਰਤਮੰਦ ਲੋਕਾਂ ਦੀ ਸੇਵਾ ਹੀ ਸਾਡਾ ਸਭ ਤੋਂ ਵੱਡਾ ਫ਼ਰਜ਼ ਹੈ। ਉਨ੍ਹਾਂ ਕਿਹਾ ਕਿ ਇੱਕ ਪਰਿਵਾਰ ਨੂੰ 5 ਕਿੱਲੋ ਕਣਕ ਵੰਡੀ ਜਾਣੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕੋਰੋਨਾ ਵਾਇਰਸ ਦੀ ਮਹਾਂਮਾਰੀ ਕਾਰਨ ਸੰਕਟ ਦੀ ਇਸ ਘੜੀ ਵਿੱਚ ਗ਼ਰੀਬਾਂ ਅਤੇ ਲੋੜਵੰਦਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜੀ ਹੈ ਅਤੇ ਲੋਕਾਂ ਕਿਸੇ ਤਰ੍ਹਾਂ ਕੋਈ ਪਰੇਸ਼ਾਨੀ ਨਹੀ ਆਉਣ ਦਿੱਤੀ ਜਾਵੇਗੀ। ਇਸ ਮੌਕੇ ਬਲਵੀਰ ਬਾਠ ਚੇਅਰਮੈਨ ਬਲਾਕ ਸੰਮਤੀ, ਰਵਿੰਦਰ ਸਿੰਘ, ਹਰਦੇਵ ਸਿੰਘ, ਸਿਮਰਨਜੀਤ ਸਿੰਘ, ਜੱਜ ਸਿੰਘ, ਮਿਲਖਾ ਸਿੰਘ ਹਾਜ਼ਰ ਸਨ।

ਦਫਤਰ ਜਿਲਾ ਲੋਕ ਸੰਪਰਕ ਅਫਸਰ, ਫਿਰੋਜਪੁਰ
ਪ੍ਰੈੱਸ ਨੋਟ 4

ਜਿਲਾ ਪ੍ਰਸ਼ਾਸਨ ਨੇ ਦੂੱਜੇ ਰਾਜਾਂ ਤੋਂ ਵਾਪਸ ਪਰਤਣ ਵਾਲੇ ਲੋਕਾਂ ਦੀ ਸਿਹਤ ਜਾਂਚ ਲਈ ਸ਼ੁਰੂ ਦੀ ਵਿਸ਼ੇਸ਼ ਮੁਹਿੰਮ

ਸਿਹਤ ਵਿਭਾਗ ਦੀ ਸਪੇਸ਼ਲ ਟੀਮਾਂ ਨੇ ਕਵਾਰਨਟਾਈਨ ਸੇਂਟਰ ਵਿੱਚ ਜਾਕੇ ਦੂੱਜੇ ਰਾਜਾਂ ਤੋਂ ਵਾਪਸ ਪਰਤੇ ਲੋਕਾਂ ਦੇ ਸਵੈਬ ਸੈਂਪਲ ਇਕੱਠੇ ਕੀਤੇ

ਫਿਰੋਜਪੁਰ, 28 ਅਪ੍ਰੈਲ -
ਜਿਲ੍ਹੇ ਦੇ ਲੋਕਾਂ ਨੂੰ ਕੋਰੋਨਾ ਵਾਇਰਸ ਦੀ ਮਹਾਮਾਰੀ ਤੋਂ ਦੂਰ ਰੱਖਣ ਦੇ ਵਾਅਦੇ ਤਹਿਤ ਜਿਲਾ ਪ੍ਰਸ਼ਾਸਨ ਵੱਲੋਂ ਦੂੱਜੇ ਰਾਜਾਂ ਤੋਂ ਫਿਰੋਜਪੁਰ ਆਉਣ ਵਾਲੇ ਲੋਕਾਂ ਦੀ ਸਿਹਤ ਜਾਂਚ ਲਈ ਇੱਕ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਗਈ ਹੈ, ਜਿਸਦੇ ਤਹਿਤ ਵੱਡੀ ਤਾਦਾਦ ਵਿੱਚ ਫਿਰੋਜਪੁਰ ਪੁੱਜਣ ਵਾਲੇ ਲੋਕਾਂ ਦੀ ਜਾਂਚ ਸ਼ੁਰੂ ਕੀਤੀ ਗਈ ਹੈ, ਨਾਲ ਹੀ ਉਨ੍ਹਾਂ ਨੂੰ ਪ੍ਰਸ਼ਾਸਨ ਵੱਲੋਂ ਸਥਾਪਤ ਕਵਾਰਨਟਾਈਨ ਸੇਂਟਰਸ ਵਿੱਚ ਕਵਾਰਨਟਾਈਨ ਕੀਤਾ ਗਿਆ ਹੈ ।
ਵਧੇਰੇ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਫਿਰੋਜਪੁਰ ਸ਼੍ਰੀ ਕੁਲਵੰਤ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕੀਤੇ ਗਏ ਵਿਸ਼ੇਸ਼ ਉਪਰਾਲਿਆਂ ਦੇ ਤਹਿਤ ਦੂੱਜੇ ਰਾਜਾਂ ਵਿੱਚ ਫਸੇ ਪੰਜਾਬ ਦੇ ਲੋਕਾਂ ਨੂੰ ਘਰ ਵਾਪਸ ਲਿਆਉਣ ਲਈ ਇੱਕ ਮੁਹਿਮ ਚਲਾਈ ਗਈ ਸੀ । ਇਸ ਮੁਹਿੰਮ ਦੇ ਨਤੀਜੇ ਵੱਜੋਂ ਸ਼੍ਰੀ ਨਾਂਦੇੜ ਸਾਹਿਬ (ਮਹਾਰਾਸ਼ਟਰ) ਤੋਂ ਵੱਡੀ ਗਿਣਤੀ ਵਿੱਚ ਸੰਗਤ ਫਿਰੋਜਪੁਰ ਜਿਲ੍ਹੇ ਵਿੱਚ ਪਹੁੰਚੀ ਹੈ, ਜਿਨ੍ਹਾਂ ਨੂੰ ਰਾਜ ਸਰਕਾਰ ਵੱਲੋਂ ਨਿਰਧਾਰਤ ਪ੍ਰੋਟੋਕਾਲ ਦੇ ਤਹਿਤ ਕਵਾਰਨਟਾਈਨ ਕੀਤਾ ਗਿਆ ਹੈ । ਇਸੇ ਤਰ੍ਹਾਂ ਕੋਟਾ, ਜੈਲਸਮੇਰ ਅਤੇ ਰੋਹਤਕ ਜਿਲ੍ਹੇ ਤੋਂ ਵੀ ਵੱਡੀ ਤਾਦਾਦ ਵਿੱਚ ਲੋਕ ਫਿਰੋਜਪੁਰ ਜਿਲ੍ਹੇ ਵਿੱਚ ਪੰਜਾਬ ਸਰਕਾਰ ਵੱਲੋਂ ਚਲਾਈਆਂ ਗਈਆਂ ਸਪੇਸ਼ਲ ਬੱਸਾਂ ਦੇ ਜਰਿਏ ਫਿਰੋਜਪੁਰ ਜਿਲ੍ਹੇ ਵਿੱਚ ਪਹੁੰਚ ਰਹੇ ਹਨ ।
ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਰਾਜ ਸਰਕਾਰ ਵੱਲੋਂ ਜਾਰੀ ਨਿਰਦੇਸ਼ਾਂ ਤਹਿਤ ਦੂੱਜੇ ਰਾਜਾਂ ਤੋਂ ਆਉਣ ਵਾਲੇ ਸਾਰੇ ਲੋਕਾਂ ਦੀ ਸਕਰੀਨਿੰਗ ਕੀਤੀ ਜਾ ਰਹੀ ਹੈ ਅਤੇ ਕਵਾਰਨਟਾਈਨ ਸੇਂਟਰ ਵਿੱਚ ਸਿਹਤ ਵਿਭਾਗ ਦੇ ਮਾਹਿਰ ਉਨ੍ਹਾਂ ਦੇ ਸਵੈਬ ਸੈਂਲ ਇਕੱਠੇ ਕਰਕੇ ਲੈਬ ਜਾਂਚ ਲਈ ਭੇਜੇ ਜਾ ਰਹੇ ਹਨ । ਉਨ੍ਹਾਂ ਕਿਹਾ ਕਿ ਬਾਹਰਲੇ ਰਾਜਾਂ ਤੋਂ ਆਉਣ ਵਾਲੇ ਸਾਰੇ ਲੋਕਾਂ ਨੂੰ ਜਿਲਾ ਪ੍ਰਸ਼ਾਸਨ ਵੱਲੋਂ ਸਥਾਪਤ ਵੱਖ-ਵੱਖ ਕਵਾਰਨਟਾਈਨ ਸੇਂਟਰਸ ਵਿੱਚ ਏਕਾਂਤਵਾਸ ਵਿੱਚ ਰੱਖਿਆ ਜਾਵੇਗਾ । ਉਨ੍ਹਾਂ ਕਿਹਾ ਕਿ ਸਾਰੇ ਲੋਕਾਂ ਨੂੰ ਜਿਲਾ ਪ੍ਰਸ਼ਾਸਨ ਵੱਲੋਂ ਤਿੰਨ ਟਾਈਮ ਦਾ ਖਾਨਾ ਅਤੇ ਹੋਰ ਜਰੂਰੀ ਸੁਵਿਧਾਵਾਂ ਕਵਾਰਨਟਾਈਨ ਸੇਂਟਰਸ ਵਿੱਚ ਹੀ ਉਪਲੱਬਧ ਕਰਵਾਈ ਜਾ ਰਹੀਆਂ ਹਨ । ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜਿਲਾ ਪ੍ਰਸ਼ਾਸਨ ਵੱਲੋਂ ਫਿਰੋਜਪੁਰ ਜਿਲ੍ਹੇ ਨੂੰ ਕੋਰੋਨਾ ਤੋਂ ਮੁਕਤ ਬਣਾਉਣ ਅਤੇ ਇਸ ਰੋਗ ਨੂੰ ਵਧਣ ਤੋਂ ਰੋਕਣ ਲਈ ਕੋਈ ਕਸਰ ਨਹੀਂ ਛੱਡੀ ਜਾਵੇਗੀ ਪਰ ਇਸਦੇ ਲਈ ਲੋਕਾਂ ਦਾ ਸਹਿਯੋਗ ਜਰੂਰੀ ਹੈ ਕਿਉਂਕਿ ਕੋਈ ਵੀ ਲੋਕ ਲਹਿਰ ਲੋਕਾਂ ਦੇ ਸਹਿਯੋਗ ਤੋਂ ਬਿਨਾਂ ਅਧੂਰੀ ਹੈ । ਉਨ੍ਹਾਂ ਲੋਕਾਂ ਨੂੰ ਜਿਲਾ ਪ੍ਰਸ਼ਾਸਨ ਦੇ ਸਹਿਯੋਗ ਦੇ ਵਜੋਂ ਕਰਫਿਊ ਅਤੇ ਸੋਸ਼ਲ ਡਿਸਟੇਂਸਿੰਗ ਦੇ ਨਿਯਮਾਂ ਦਾ ਸੱਖਤਾਈ ਨਾਲ ਪਾਲਣ ਕਰਣ ਦਾ ਆਹਵਾਨ ਕੀਤਾ ਤਾਂਜੋ ਇਸ ਵਾਇਰਸ ਦੇ ਅੱਗੇ ਫੈਲਣ ਦੀ ਕੜੀ ਉਤੇ ਰੋਕ ਬਰਕਰਾਰ ਰੱਖੀ ਜਾ ਸਕੇ ।
ਐਸਡੀਐਮ ਫਿਰੋਜਪੁਰ ਸ਼੍ਰੀ ਅਮਿਤ ਗੁਪਤਾ ਨੇ ਦੱਸਿਆ ਕਿ ਉਹ ਨਿਜੀ ਤੌਰ ਤੇ ਦੂੱਜੇ ਰਾਜਾਂ ਤੋਂ ਆਉਣ ਵਾਲੇ ਲੋਕਾਂ ਦੀ ਸਕਰੀਨਿੰਗ ਅਤੇ ਕਵਾਰਨਟਾਈਨਿੰਗ ਪਰਿਕ੍ਰੀਆ ਦੀ ਨਿਗਰਾਨੀ ਕਰ ਰਹੇ ਹਨ ਤਾਂਜੋ ਇਹ ਰੋਗ ਕਿਸੇ ਵੀ ਤਰ੍ਹਾਂ ਨਾਲ ਅਗੇ ਨਾ ਫੈਲ ਸਕੇ। ਉਨ੍ਹਾਂ ਕਿਹਾ ਕਿ ਸਾਰੇ ਲੋਕਾਂ ਨੂੰ ਸਕਰੀਨ ਅਤੇ ਕਵਾਰਨਟਾਈਨ ਕਰਣ ਦੇ ਮਕਸਦ ਨਾਲ ਅਧਿਕਾਰੀਆਂ ਦੀ ਇੱਕ ਟੀਮ ਦਿਨ-ਰਾਤ ਕੰਮ ਕਰ ਰਹੀ ਹੈ ।